ਪਉੜੀ ॥ ਤਿਤੁ ਜਾਇ ਬਹਹੁ ਸਤਸੰਗਤੀ ਜਿਥੈ ਹਰਿ ਕਾ ਹਰਿ ਨਾਮੁ ਬਿਲੋਈਐ ॥ ਸਹਜੇ ਹੀ ਹਰਿ ਨਾਮੁ ਲੇਹੁ ਹਰਿ ਤਤੁ ਨ ਖੋਈਐ ॥ ਨਿਤ ਜਪਿਅਹੁ ਹਰਿ ਹਰਿ ਦਿਨਸੁ ਰਾਤਿ ਹਰਿ ਦਰਗਹ ਢੋਈਐ ॥ ਸੋ ਪਾਏ ਪੂਰਾ ਸਤਗੁਰੂ ਜਿਸੁ ਧੁਰਿ ਮਸਤਕਿ ਲਿਲਾਟਿ ਲਿਖੋਈਐ ॥ ਤਿਸੁ ਗੁਰ ਕੰਉ ਸਭਿ ਨਮਸਕਾਰੁ ਕਰਹੁ ਜਿਨਿ ਹਰਿ ਕੀ ਹਰਿ ਗਾਲ ਗਲੋਈਐ ॥੪॥ {ਪੰਨਾ 587}

ਪਦਅਰਥ:- ਬਿਲੋਈਐ—ਰਿੜਕੀਦਾ ਹੈ, ਵਿਚਾਰੀਦਾ ਹੈ। ਸਹਜੇ—ਅਡੋਲਤਾ ਵਿਚ, ਟਿਕੇ ਹੋਏ ਮਨ ਨਾਲ। ਤਤੁ—ਅਸਲੀ ਚੀਜ਼। ਲਿਲਾਟਿ—ਮੱਥੇ ਉੱਤੇ। ਗਲੋਈਐ—ਆਖਦਾ ਹੈ।

ਅਰਥ:- (ਹੇ ਭਾਈ!) ਉਸ ਸਤਸੰਗ ਵਿਚ ਜਾ ਕੇ ਬੈਠੋ, ਜਿਥੇ ਪ੍ਰਭੂ ਦੇ ਨਾਮ ਦੀ ਵਿਚਾਰ ਹੁੰਦੀ ਹੈ, (ਉਥੇ ਜਾ ਕੇ) ਮਨ ਟਿਕਾ ਕੇ ਹਰੀ ਦਾ ਨਾਮ ਜਪੋ, ਤਾਂ ਜੋ ਨਾਮ-ਤੱਤ ਖੁੱਸ ਨਾਹ ਜਾਏ। (ਸਤ ਸੰਗ ਵਿਚ) ਸਦਾ ਦਿਨ ਰਾਤ ਹਰੀ ਦਾ ਨਾਮ ਜਪੋ, ਇਹ ਨਾਮ-ਰੂਪ ਢੋਆ ਲੈ ਕੇ ਹੀ ਪ੍ਰਭੂ ਦੀ ਹਜ਼ੂਰੀ ਵਿਚ ਅੱਪੜੀਦਾ ਹੈ।

(ਪਰ, ਸਤਸੰਗ ਵਿਚ ਭੀ) ਉਸੇ ਮਨੁੱਖ ਨੂੰ ਪੂਰਾ ਗੁਰੂ ਲੱਭਦਾ ਹੈ, ਜਿਸ ਦੇ ਮੱਥੇ ਉਤੇ ਧੁਰੋਂ (ਭਲੇ ਕਰਮਾਂ ਦੇ ਸੰਸਕਾਰਾਂ ਦਾ ਲੇਖ) ਲਿਖਿਆ ਹੋਇਆ ਹੈ।

(ਹੇ ਭਾਈ!) ਸਾਰੇ ਉਸ ਗੁਰੂ ਨੂੰ ਸਿਰ ਨਿਵਾਓ ਜੋ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦਾ ਹੈ।4।